# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :24-08-2025**

ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਸਪੱਸ਼ਟ ਕੀਤਾ ਏ ਕਿ ਕੇਂਦਰ ਸਰਕਾਰ ਨੇ ਮੁਫ਼ਤ ਰਾਸ਼ਨ ਲੈਣ ਵਾਲੇ ਇਕ ਵੀ ਲਾਭਪਾਤਰੀ ਨੂੰ ਘੱਟ ਨਹੀਂ ਕੀਤਾ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ 1 ਕਰੋੜ 41 ਲੱਖ ਲਾਭਪਾਤਰੀਆਂ ਨੂੰ ਮੁਫ਼ਤ ਅਨਾਜ ਮਿਲਦਾ ਰਹੇਗਾ। ਕੇਂਦਰ ਸਰਕਾਰ ਨੇ ਸਿਰਫ਼ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਸਮਾਵੇਸ਼ ਮਾਪਦੰਡਾਂ ਦੇ ਆਧਾਰ 'ਤੇ ਲਾਭਪਾਤਰੀਆਂ ਦੀ ਮੁੜ ਜਾਂਚ ਕਰਨ ਲਈ ਕਿਹਾ ਏ । ਇਸ ਤਰ੍ਹਾਂ, ਜਿਹੜੇ ਯੋਗ ਲਾਭਪਾਤਰੀ ਇਸ ਯੋਜਨਾ ਦਾ ਹਿੱਸਾ ਨਹੀਂ ਸਨ, ਨੂੰ ਵੀ ਸ਼ਾਮਲ ਕੀਤਾ ਜਾ ਸਕਦਾ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਬੀਤੇ ਦਿਨੀ ਇਕ ਪ੍ਰੈੱਸ ਕਾਨਫਰੰਸ ਵਿਚ ਇਹ ਟਿੱਪਣੀ ਕਿ, ਕੇਂਦਰ ਸਰਕਾਰ 55 ਲੱਖ ਗ਼ਰੀਬ ਪੰਜਾਬ ਵਾਸੀਆਂ ਨੂੰ ਮਿਲਣ ਵਾਲਾ ਮੁਫ਼ਤ ਰਾਸ਼ਨ ਬੰਦ ਕਰਨ ਜਾ ਰਹੀ ਏ , ਬਾਰੇ ਪ੍ਰਤੀਕਿਰਿਆ ਦਿੰਦੇ ਹੋਏ, ਕੇਂਦਰੀ ਮੰਤਰੀ ਪ੍ਰਹਲਾਦ ਜੋਸ਼ੀ ਨੇ ਮੁੱਖ ਮੰਤਰੀ ਨੂੰ ਆਪਣੇ ਤੱਥਾਂ ਨੂੰ ਸਹੀ ਕਰਨ ਲਈ ਕਿਹਾ ਏ। ਕੇਂਦਰੀ ਮੰਤਰੀ ਜੋਸ਼ੀ ਨੇ ਕਿਹਾ ਕਿ ਲਾਭਪਾਤਰੀਆਂ ਦੀ

ਲਾਜ਼ਮੀ e-KYC ਬਾਰੇ ਹਦਾਇਤ ਸੁਪਰੀਮ ਕੋਰਟ ਨੇ ਕੀਤੀ ਸੀ। ਕੇਂਦਰ, ਸਿਰਫ਼ ਸੂਬਿਆਂ ਨੂੰ ਇਸ ਨੂੰ ਲਾਗੂ ਕਰਨ ਲਈ ਕਹਿ ਰਿਹਾ ਏ । ਪੰਜਾਬ ਸਰਕਾਰ ਨੂੰ ਅਜਿਹਾ ਕਰਨ ਲਈ ਤਿੰਨ ਵਿਸਥਾਰ ਦਿੱਤੇ ਗਏ ਨੇ। ਮੰਤਰੀ ਨੇ ਕਿਹਾ ਕਿ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ (NFSA), 2013 ਦੇ ਤਹਿਤ ਪੰਜਾਬ ਵਿਚ 1 ਕਰੋੜ 41 ਲੱਖ ਲਾਭਪਾਤਰੀ ਸਨ। ਇਸ ਕਾਨੂੰਨ ਅਨੁਸਾਰ ਇਹ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਏ ਕਿ ਉਹ ਮਾਪਦੰਡਾਂ ਦੇ ਅਧਾਰ 'ਤੇ ਲਾਭਪਾਤਰੀਆਂ ਦੀ ਪਛਾਣ ਕਰੇ। ਕੇਂਦਰ ਸਰਕਾਰ ਦੀ ਇਸ ਵਿਚ ਕੋਈ ਭੂਮਿਕਾ ਨਹੀਂ ਏ । ਇਕ ਸੋਸ਼ਲ ਮੀਡਿਆ ਪੋਸਟ ਵਿਚ ਕੇਂਦਰੀ ਮੰਤਰੀ ਜੋਸ਼ੀ ਨੇ ਕਿਹਾ ਕਿ ਕੇਂਦਰ ਵੱਲੋਂ ਸੂਬਾ ਸਰਕਾਰਾਂ ਨੂੰ ਗੈਰ-ਕਾਨੂੰਨੀ ਲਾਭਪਾਤਰੀਆਂ ਨੂੰ ਹਟਾਉਣ ਦੇ ਅਖ਼ਤਿਆਰ ਦਿੱਤੇ ਗਏ ਨੇ। ਅਜਿਹੇ ਲਾਭਪਾਤਰੀਆਂ ਦੀ ਪਛਾਣ ਕਰਨ ਦੀ ਬਜਾਏ, ਸ਼੍ਰੀ ਭਗਵੰਤ ਮਾਨ ਗੈਰ-ਕਾਨੂੰਨੀ ਲਾਭਪਾਤਰੀਆਂ ਨੂੰ ਸ਼ਾਮਲ ਕਰਨ ਲਈ ਲਾਬੀ ਦੇ ਦਬਾਅ ਅੱਗੇ ਝੁਕ ਰਹੇ ਨੇ ।

---

ਹੁਸ਼ਿਆਰਪੁਰ ਦੇ ਪਿੰਡ ਮੰਡਿਆਲਾ ਵਿਚ ਸ਼ੁੱਕਰਵਾਰ ਰਾਤ ਨੂੰ ਹੋਏ ਐੱਲ.ਪੀ.ਜੀ. ਟੈਂਕਰ ਧਮਾਕੇ ਵਿਚ ਮਰਨ ਵਾਲਿਆਂ ਦੀ ਗਿਣਤੀ 2 ਤੋਂ

ਵੱਧ ਕੇ 7 ਹੋ ਗਈ ਏ। ਗੰਭੀਰ ਰੂਪ ਵਿਚ ਝੁਲਸਣ ਕਾਰਨ ਦੋ ਔਰਤਾਂ ਸਮੇਤ 5 ਹੋਰ ਵਿਅਕਤੀਆਂ ਦੀ ਮੌਤ ਹੋਈ ਏ। 13 ਵਿਅਕਤੀ ਹਾਲੇ ਵੀ ਹਸਪਤਾਲਾਂ ਵਿਚ ਜ਼ੇਰੇ ਇਲਾਜ ਨੇ, ਜਿਨ੍ਹਾਂ ਵਿੱਚੋਂ ਪੰਜ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ। ਸਾਡੇ ਹੁਸ਼ਿਆਰਪੁਰ ਵਾਲੇ ਪੱਤਰਕਾਰ ਨੇ ਦੱਸਿਆ ਕਿ ਏ ਧਮਾਕਾ ਉਸ ਸਮੇਂ ਹੋਇਆ, ਜਦੋਂ ਇਕ ਚਾਰ-ਪਹੀਆ ਵਾਹਨ, ਪੂਰੀ ਤਰ੍ਹਾਂ ਭਰੇ ਹੋਏ ਐੱਲ.ਪੀ.ਜੀ ਟੈਂਕਰ ਨਾਲ ਟਕਰਾ ਗਿਆ ਤੇ ਇਸ ਕਾਰਨ ਗੈਸ ਲੀਕ ਹੋਣੀ ਸ਼ੁਰੂ ਹੋ ਗਈ ਅਤੇ ਨੇੜਲੇ ਘਰਾਂ ਅਤੇ ਦੁਕਾਨਾਂ ਨੂੰ ਅੱਗ ਲੱਗ ਗਈ। ਇਸ ਦੌਰਾਨ ਕਈ ਲੋਕਾਂ ਮੌਤ ਹੋ ਗਈ ਤੇ ਕਈ ਵਿਅਕਤੀ ਝੁਲਸ ਗਏ ਸਨ, ਦੋਵਾਂ ਵਾਹਨਾਂ ਦੇ ਰਾਈਵਰ ਹਾਲੇ ਵੀ ਫਰਾਰ ਨੇ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੀੜਤ ਪਰਿਵਾਰਾਂ ਪ੍ਰਤੀ ਦਿਲੀ ਹਮਦਰਦੀ ਪ੍ਰਗਟ ਕੀਤੀ ਏ। ਸੂਬਾ ਸਰਕਾਰ ਨੇ ਮ੍ਰਿਤਕਾਂ ਦੇ ਪਰਿਵਾਰਾਂ ਲਈ, 2-2 ਲੱਖ ਰੁਪਏ ਦੀ ਵਿੱਤੀ ਮਦਦ ਦਾ ਐਲਾਨ ਕੀਤਾ ਏ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਜ਼ਖਮੀਆਂ ਦਾ ਮੁਫਤ ਇਲਾਜ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਏ।

--------------------------------------------------

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ । ਇਸ ਮੌਕੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤਕ ਨਗਰ ਕੀਰਤਨ ਸਜਾਇਆ ਜਾ ਰਿਹਾ ਏ । ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਇਸ ਦਿਹਾੜੇ ਦੀ ਵਧਾਈ ਦਿੰਦਿਆਂ ਇਸ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ । ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅੱਟਲ ਰਾਏ ਵਿਚ ਪਵਿੱਤਰ ਜਲੌਅ ਸਜਾਏ ਗਏ । ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਬਾਬਾ ਅਟੱਲ ਰਾਇ ਸਾਹਿਬ ਵਿਖੇ ਸਜਾਏ ਗਏ ਜਲੌਅ ਸੰਗਤ ਲਈ ਖਿੱਚ ਦਾ ਕੇਂਦਰ ਬਣੇ। ਸ਼ਾਮ ਵੇਲੇ, ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਤੇ ਆਤਿਸ਼ਬਾਜੀ ਕੀਤੀ ਜਾਵੇਗੀ।

--------------------------------------------------------

ਪੰਜਾਬ ਦੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਸਨਅਤੀ ਸਿਖਲਾਈ ਸੰਸਥਾਵਾਂ (ਆਈ.ਟੀ.ਆਈਜ਼.) ਦੀ ਸਮਰੱਥਾ ਵਿਚ ਵਾਧਾ ਕਰਦੇ ਹੋਏ ਇਨ੍ਹਾਂ ਸੰਸਥਾਵਾਂ ਵਿਚ ਸੀਟਾਂ ਦੀ ਗਿਣਤੀ 35,000 ਤੋਂ ਵਧਾ ਕੇ, 52,000 ਕਰ ਦਿੱਤੀ ਗਈ ਏ।

ਕੈਬਨਿਟ ਮੰਤਰੀ ਬੈਂਸ ਨੇ ਦੱਸਿਆ ਕਿ ਸਾਲ 2023 ਵਿਚ ਆਈ.ਟੀ.ਆਈਜ਼. ਵਿਚ 25,000 ਸੀਟਾਂ ਸਨ ਤੇ ਫਿਰ ਇਨ੍ਹਾਂ ਦੀ ਗਿਣਤੀ ਵਧਾ ਕੇ 35,000 ਕੀਤੀ ਗਈ ਸੀ। ਹੁਣ ਸੀਟਾਂ 52,000 ਹੋ ਗਈਆਂ ਨੇ। ਇਵੇਂ ਹੀ ਇਨ੍ਹਾਂ ਸੰਸਥਾਵਾਂ ਵਿਚ 814 ਨਵੇਂ ਟਰੇਡ ਸ਼ੁਰੂ ਕੀਤੇ ਨੇ, ਜਿਹੜੇ ਕਿ ਆਧੁਨਿਕ ਤਕਨਾਲੋਜੀ ਤੇ ਕਿੱਤਾਮੁਖੀ ਰੋਜ਼ਗਾਰ ਸਮਰੱਥਾ ਵਧਾਉਣ ਉੱਤੇ ਅਧਾਰਤ ਨੇ।

----------------------------------------------------------

ਦੋਰਾਂਗਲਾ ਪੁਲਿਸ ਨੇ ਜਾਲੀ ਕਰੰਸੀ ਸਮੇਤ ਕੱਲ੍ਹ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਏ। ਦੀਨਾਗਰ ਦੇ ਡੀ.ਐੱਸ.ਪੀ. ਰਜਿੰਦਰ ਸਿੰਘ ਮਨਹਾਸ ਨੇ ਦੱਸਿਆ ਕਿ ਪੁਲਿਸ ਨੇ 2 ਲੱਖ ਰੁਪਏ ਦੀ ਜਾਅਲੀ ਭਾਰਤੀ ਕਰੰਸੀ ਸਮੇਤ ਦੋਵਾਂ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰ ਕੇ ਮਾਮਲਾ ਦਰਜ ਕੀਤਾ ਏ।

----------------------------------------------------------

ਫਰੀਦਕੋਟ ਸਥਿਤ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਵਿਚ ਨਸ਼ਾ ਮੁਕਤੀ ਤੇ ਨਸ਼ਿਆਂ ਨਾਲ ਸਬੰਧਤ ਬਿਮਾਰੀਆਂ ਦੇ ਪ੍ਰਬੰਧ ਤੇ ਸਮਰੱਥਾ ਨਿਰਮਾਣ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ ਏ। ਵਰਕਸ਼ਾਪ ਦੌਰਾਨ ਫਾਜਿਲਕਾ, ਮੋਗਾ, ਬਠਿੰਡਾ, ਮੁਕਤਸਰ ਤੇ

ਫਿਰੋਜ਼ਪੁਰ ਦੇ 180 ਮੈਡੀਕਲ ਅਫ਼ਸਰਾਂ ਨੂੰ ਟਰੇਨਿੰਗ ਦਿੱਤੀ ਜਾ ਰਹੀ ਏ।